# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :19-01-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਵਿਕਸਿਤ ਭਾਰਤ ਜੀ ਰਾਮ ਜੀ ਐਕਟ, ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ, ਔਰਤਾਂ, ਦਿਵੀਆਂਗਾ ਅਤੇ ਗਰੀਬਾਂ ਨੂੰ ਤਰਜੀਹ ਦਿੰਦਾ ਏ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਜਨਾਲਾ ਦੇ ਪਿੰਡ ਬਿਕਰਾਊਰ ਵਿਖੇ ਸਰਕਾਰੀ ਡਿਗਰੀ ਕਾਲਜ ਤੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦਾ ਨੀਂਹ ਪੱਥਰ ਰੱਖਿਆ।

- ਪੰਜਾਬ ਸਰਕਾਰ ਵੱਲੋਂ ਅੱਜ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਬਰਸੀ ਮੌਕੇ ਪਿੰਡ ਠੀਕਰੀਵਾਲਾ ਵਿਖੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ ।

- ਰੂਪਨਗਰ ਪੁਲਿਸ ਨੇ ਫਰਜ਼ੀ ਵੈੱਬਸਾਈਟ ਰਾਹੀਂ ਨਕਲੀ "ਕਿਊ ਫਾਰਮ" ਤਿਆਰ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ।
- ਮੌਸਮ ਵਿਭਾਗ ਨੇ 22 ਅਤੇ 24 ਜਨਵਰੀ ਨੂੰ ਪੰਜਾਬ ਵਿੱਚ ਕੁਝ ਥਾਵਾਂ 'ਤੇ ਗਰਜ ਨਾਲ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ।

---------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਾਂਗਰਸ ਪਾਰਟੀ 'ਤੇ ਵਿਕਸਿਤ ਭਾਰਤ ਜੀ ਰਾਮ ਜੀ ਐਕਟ ਬਾਰੇ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲਜ਼ਾਮ ਲਗਾਇਆ। ਨਵੀਂ ਦਿੱਲੀ ਵਿੱਚ, ਸ਼੍ਰੀ ਚੌਹਾਨ ਨੇ ਕਿਹਾ ਕਿ ਮਨਰੇਗਾ ਐਕਟ ਤਹਿਤ ਕਾਂਗਰਸ ਵੱਲੋਂ ਦਿਤੇ ਗਏ ਅਧਿਕਾਰ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਰਹਿ ਗਏ। ਉਨ੍ਹਾਂ ਕਿਹਾ BYTE:

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਮਨਰੇਗਾ ਤਹਿਤ 10 ਕਰੋੜ ਜਾਇਦਾਦਾਂ ਬਣਾਈਆਂ ਗਈਆਂ ਨੇ , ਜਿਨ੍ਹਾਂ ਵਿੱਚੋਂ 8 ਕਰੋੜ 50 ਲੱਖ ਜਾਇਦਾਦਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਬਣਾਈਆਂ ਗਈਆਂ ਹਨ। ਚੌਹਾਨ ਨੇ ਕਿਹਾ ਕਿ ਮੋਦੀ ਸਰਕਾਰ ਦੇ ਕਾਰਜਕਾਲ ਦੌਰਾਨ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ

ਗਿਆ ਏ । ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਜੀ ਰਾਮ ਜੀ ਐਕਟ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ, ਔਰਤਾਂ, ਦਿਵੀਆਂਗਾ ਅਤੇ ਗਰੀਬਾਂ ਨੂੰ ਤਰਜੀਹ ਦਿੰਦਾ ਏ । ਸ੍ਰੀ ਚੌਹਾਨ ਨੇ ਇਹ ਵੀ ਕਿਹਾ ਕਿ ਨਵਾਂ ਐਕਟ ਨਿਰਧਾਰਤ ਸਮੇਂ ਦੇ ਅੰਦਰ ਰੁਜ਼ਗਾਰ ਨਾ ਮਿਲਣ ਦੀ ਸੂਰਤ ਵਿੱਚ ਬੇਰੁਜ਼ਗਾਰੀ ਭੱਤੇ ਦੀ ਵਿਵਸਥਾ ਕਰਦਾ ਏ ।

-------------------------------------------------------

BJP ਦੇ ਕਾਰਜਕਾਰੀ ਪ੍ਰਧਾਨ ਨਿਤਿਨ ਨਬੀਨ ਨੇ, ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਦੇ ਅਹੁਦੇ ਲਈ ਆਪਣੀ ਨਾਮਜ਼ਦਗੀ ਦਾਖਲ ਕੀਤੀ । BJP ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ, ਕੇਂਦਰੀ ਮੰਤਰੀ ਅਮਿਤ ਸ਼ਾਹ, ਰਾਜਨਾਥ ਸਿੰਘ, ਨਿਤਿਨ ਗਡਕਰੀ ਅਤੇ BJP ਦੇ ਸੰਸਦੀ ਪਾਰਟੀ ਬੋਰਡ ਦੇ ਹੋਰ ਮੈਂਬਰਾਂ ਨੇ ਰਾਸ਼ਟਰੀ ਪ੍ਰਧਾਨ ਦੇ ਅਹੁਦੇ ਲਈ ਨਿਤਿਨ ਨਬੀਨ ਦੇ ਨਾਮ ਦੀ ਤਜਵੀਜ਼ ਕੀਤੀ । ਨਾਮਜ਼ਦਗੀਆਂ ਦਾਖਲ ਕਰਨ ਦੀ ਪ੍ਰਕਿਰਿਆ ਅੱਜ ਸ਼ਾਮ ਸਮਾਪਤ ਹੋਈ। ਨਾਮਜ਼ਦਗੀ ਪ੍ਰਕਿਰਿਆ ਪਾਰਟੀ ਹੈੱਡਕੁਆਰਟਰ ਵਿਖੇ ਦੁਪਹਿਰ 2 ਵਜੇ ਸ਼ੁਰੂ ਹੋਈ ਅਤੇ ਸ਼ਾਮ 4 ਵਜੇ ਤੱਕ ਜਾਰੀ ਰਹੀ। ਨਾਮਜ਼ਦਗੀਆਂ ਦਾਖਲ ਕਰਨ ਤੋਂ ਬਾਅਦ, ਨਾਮਜ਼ਦਗੀ ਪੱਤਰਾਂ ਦੀ ਜਾਂਚ ਕੀਤੀ ਗਈ। ਇਸ ਤੋਂ ਬਾਅਦ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਪ੍ਰਕਿਰਿਆ ਕੀਤੀ ਗਈ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਮੁਤਾਬਕ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਬਿਹਤਰ ਕਰ ਰਹੀ ਏ । ਉਨ੍ਹਾਂ ਕਿਹਾ ਸਕੂਲਾਂ ਦੀ ਦਸ਼ਾ ਸੁਧਾਰਨ ਦੇ ਨਾਲ-ਨਾਲ ਸ਼ਾਨਦਾਰ ਕਾਲਜ ਬਣਾਏ ਜਾ ਰਹੇ ਨੇ। ਉਨ੍ਹਾਂ ਕਿਹੈ ਕਿ ਸੂਬੇ ਦੀ ਚੰਗੀ ਰਾਜਨੀਤਿਕ ਧਿਰ ਚੁਣਨ ਅਤੇ ਤਰੱਕੀ ਵਿੱਚ ਸਿੱਖਿਅਤ ਨੌਜਵਾਨਾਂ ਦਾ ਵੱਡਾ ਯੋਗਦਾਨ ਹੁੰਦਾ ਏ । ਮੁੱਖ ਮੰਤਰੀ ਅੱਜ ਹਲਕਾ ਅਜਨਾਲਾ ਦੇ ਪਿੰਡ ਬਿਕਰਾਊਰ ਵਿਖੇ ਸਰਕਾਰੀ ਡਿਗਰੀ ਕਾਲਜ ਤੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦਾ ਨੀਂਹ ਪੱਥਰ ਰੱਖਣ ਸਮੇਂ ਬੋਲ ਰਹੇ ਸਨ। ਇਸ ਕਾਲਜ ਨੂੰ 15 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕਰਕੇ ਵਿਦਿਆਰਥੀਆਂ ਦੇ ਹਵਾਲੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਦੇ ਬੱਚਿਆਂ ਨੂੰ ਸਿੱਖਿਅਤ ਕਰਨਾ ਸਰਕਾਰ ਦੀ ਮੁੱਖ ਤਰਜ਼ੀਹ ਏ। ਉਨ੍ਹਾਂ ਕਿਹਾ BYTE :

ਉਨ੍ਹਾਂ ਕਿਹਾ ਕਿ ਸਰਹੱਦ 'ਤੇ ਕੰਡਿਆਲੀ ਤਾਰੋਂ ਪਾਰ ਖੇਤੀ ਕਰਨ ਵਾਲੇ ਕਿਸਾਨਾਂ ਦਾ ਮਸਲਾ ਜਲਦ ਹੱਲ ਹੋਵੇਗਾ। ਉਨ੍ਹਾਂ ਦਸਿਆ ਕਿ ਕੇਂਦਰੀ ਗ੍ਰਹਿ ਮੰਤਰੀ ਕੋਲ ਮੰਗ ਰੱਖੀ ਗਈ ਏ ਕਿ ਤਾਰ ਦਾ ਦਾਇਰਾ ਵਧਾ ਕੇ

ਸਾਡੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇ ਤਾਂ ਜੋ ਸਾਡੇ ਕਿਸਾਨ ਬਿਨਾਂ ਕਿਸੇ ਡਰ ਤੋਂ ਖੇਤੀ ਕਰ ਸਕਣ।

---------------------------------------------------

ਪੰਜਾਬ ਸਰਕਾਰ ਵੱਲੋਂ ਅੱਜ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਬਰਸੀ ਮੌਕੇ ਬਰਨਾਲਾ ਨੇੜੇ ਪਿੰਡ ਠੀਕਰੀਵਾਲਾ ਵਿਖੇ ਸ਼ਰਧਾਂਜਲੀ ਭੇਂਟ ਕੀਤੀ ਗਈ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ, ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਅਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਪੰਜਾਬ ਸਰਕਾਰ ਵੱਲੋਂ ਸ਼ਰਧਾਂਜਲੀਆਂ ਭੇਂਟ ਕੀਤੀਆਂ। ਇਸ ਮੌਕੇ ਹਰਪਾਲ ਸਿੰਘ ਚੀਮਾ ਅਤੇ ਅਮਨ ਅਰੋੜਾ ਨੇ ਕਿਹਾ ਕਿ ਜੋ ਲੋਕ ਸਮਾਜ ਅਤੇ ਲੋਕਾਂ ਲਈ ਲੜਾਈ ਲੜਦੇ ਅਤੇ ਸ਼ਹੀਦ ਹੁੰਦੇ ਨੇ , ਉਹਨਾਂ ਨੂੰ ਸਦੀਆਂ ਤੱਕ ਯਾਦ ਰੱਖਿਆ ਜਾਂਦਾ। ਸੇਵਾ ਸਿੰਘ ਠੀਕਰੀਵਾਲਾ ਅਜਿਹੇ ਮਹਾਨ ਸ਼ਹੀਦਾਂ ਵਿੱਚੋਂ ਇੱਕ ਨੇ , ਜਿਨ੍ਹਾਂ ਨੇ ਪਰਜਾ ਮੰਡਲ ਲਹਿਰ ਬਣਾ ਕੇ ਲੋਕਾਂ ਲਈ ਸੰਘਰਸ਼ ਕੀਤਾ ਅਤੇ ਆਪਣੀ ਸ਼ਹਾਦਤ ਦਿੱਤੀ। ਉਹਨਾਂ ਕਿਹਾ ਕਿ ਅੱਜ ਕਿਸਾਨ ਆਪਣੀਆਂ ਜਮੀਨਾਂ ਦੀ ਮਾਲਕੀ ਦੇ ਹੱਕ ਅਜਿਹੇ ਸ਼ਹੀਦਾਂ ਦੀ ਕੁਰਬਾਨੀ ਸਦਕਾ ਹੀ ਮਾਣ ਰਹੇ ਹਨ। ਇਸ ਮੌਕੇ ਹਰਪਾਲ ਚੀਮਾ ਨੇ ਪਿੰਡ ਵਾਸੀਆਂ ਦੀ ਮੰਗ ਅਨੁਸਾਰ ਨਰਸਿੰਗ ਕਾਲਜ ਨੂੰ ਜਲਦ ਸ਼ੁਰੂ ਕਰਨ ਦਾ

ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਕੁਝ ਤਕਨੀਕੀ ਕਾਰਨਾਂ ਕਰਕੇ ਕਾਲਜ ਦੀ ਪ੍ਰਵਾਨਗੀ ਅਧੂਰੀ ਸੀ, ਜਿਸ ਨੂੰ ਕੁਝ ਦਿਨਾਂ ਵਿੱਚ ਪੂਰਾ ਕਰਕੇ ਜਲਦ ਹੀ ਇਸਦਾ ਨਿਰਮਾਣ ਸ਼ੁਰੂ ਕਰ ਦਿੱਤਾ ਜਾਵੇਗਾ।

---------------------------------------------------------------

ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਹਲਕੇ ਲੰਬੀ ਵਿੱਚ ਪਿੰਡਾਂ ਦੀਆਂ ਸੜਕਾਂ ਅਤੇ ਫਿਰਨੀਆਂ ਦੇ ਵਿਕਾਸ ਲਈ ਕੁੱਲ 3 ਕਰੋੜ 88 ਲੱਖ ਰੁਪਏ ਦੀ ਲਾਗਤ ਨਾਲ ਮਹੱਤਵਪੂਰਨ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਨੇ ।  ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਹ ਵਿਕਾਸ ਕਾਰਜ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ ਲਿਆਉਣ ਅਤੇ ਪਿੰਡ ਵਾਸੀਆਂ ਨੂੰ ਸੁਰੱਖਿਅਤ ਅਤੇ ਸੁਚਾਰੂ ਰਸਤਾ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਅਦਾ ਕਰਨ ਗਏ । ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਅਤੇ ਮਿਆਰੀ ਗੁਣਵੱਤਾ ਅਨੁਸਾਰ ਮੁਕੰਮਲ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਤੁਰੰਤ ਲਾਭ ਮਿਲ ਸਕੇ।  ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਕਿਹਾ ਕਿ ਆਮ ਲੋਕਾਂ ਦੀ ਖੱਜਲ-ਖੁਆਰੀ

ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਲੋਕਾਂ ਦਾ ਪਹਿਲ ਦੇ ਆਧਾਰ ’ਤੇ ਕੰਮ ਕਰਨਾ ਯਕੀਨੀ ਬਣਾਇਆ ਜਾਵੇ।

-------------------------------------------------------

ਰੂਪਨਗਰ ਪੁਲਿਸ ਨੇ ਫਰਜ਼ੀ ਵੈੱਬਸਾਈਟ ਰਾਹੀਂ ਨਕਲੀ "ਕਿਊ ਫਾਰਮ" ਤਿਆਰ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ । ਇਹ ਨਕਲੀ ਕਿਊ ਫਾਰਮ ਰੇਤ, ਬਜਰੀ ਨਿਰਮਾਣ ਸਮੱਗਰੀ ਦੀ ਗੈਰ-ਕਾਨੂੰਨੀ ਢੋਆ ਢੁਆਈ ਲਈ ਵਰਤੇ ਜਾ ਰਹੇ ਸਨ ਜਿਸ ਨਾਲ ਪੰਜਾਬ ਸਰਕਾਰ ਨੂੰ ਵੱਡਾ ਵਿੱਤੀ ਨੁਕਸਾਨ ਹੋ ਰਿਹਾ ਸੀ। ਸੀਨੀਅਰ ਕਪਤਾਨ ਪੁਲਿਸ ਮਨਿੰਦਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਅਰੁਣ ਕੁਮਾਰ ਉਰਫ਼ ਰਾਣਾ ,ਜ਼ਿਲ੍ਹਾ ਰੂਪਨਗਰ ਦੇ ਹਰਿੰਦਰਪਾਲ ਭੱਲਾ ਉਰਫ਼ ਨੋਨੂ, ਗੁਰਮੀਤ ਸਿੰਘ ਅਤੇ ਉੱਤਰ ਪ੍ਰਦੇਸ਼ ਦੇ ਅਖਿਲੇਸ਼ ਪ੍ਰਤਾਪ ਸ਼ਾਹੀ ਨੂੰ ਗ੍ਰਿਫ਼ਤਾਰ ਕਰਕੇ ਇਨਾ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ । ਇਨਾ ਕੋਲੋਂ ਕੋਲੋ 9 ਮੋਬਾਈਲ ਫੋਨ ਅਤੇ 2 ਲੈਪਟਾਪ ਵੀ ਬਰਾਮਦ ਕੀਤੇ ਗਏ ਨੇ । SSP ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲਗਿਆ ਏ ਕਿ ਮੁਲਜ਼ਮਾਂ ਨੇ ਇੱਕ ਗਿਰੋਹ ਬਣਾ ਕੇ ਪੰਜਾਬ ਸਰਕਾਰ ਦੇ ਮਾਈਨਜ਼ ਐਂਡ ਜੀਓਲੋਜੀ ਪੋਰਟਲ ਵਰਗੀ ਦਿੱਖ ਵਾਲੀ ਨਕਲੀ ਵੈੱਬਸਾਈਟ ਤਿਆਰ

ਕੀਤੀ ਤਾਂ ਜੋ ਟਰਾਂਸਪੋਰਟਰਾਂ ਅਤੇ ਐਨਫੋਰਸਮੈਂਟ ਏਜੰਸੀਆਂ ਨੂੰ ਗੁੰਮਰਾਹ ਕੀਤਾ ਜਾ ਸਕੇ। ਇਹ ਗੈਰ-ਕਾਨੂੰਨੀ ਰੈਕੇਟ ਪਿਛਲੇ 5-6 ਮਹੀਨਿਆਂ ਤੋਂ ਸਰਗਰਮ ਸੀ। ਇਸ ਬੋਗਸ ਪੋਰਟਲ ਰਾਹੀਂ ਦੋਸ਼ੀ ਵੱਖ-ਵੱਖ ਟਰੱਕ ਨੰਬਰਾਂ ਲਈ ਨਕਲੀ ਕਿਊ ਫਾਰਮ ਤਿਆਰ ਕਰਕੇ ਟਰੱਕ ਡਰਾਈਵਰਾਂ ਤੇ ਟਰਾਂਸਪੋਰਟਰਾਂ ਨੂੰ ਸਪਲਾਈ ਕਰ ਰਹੇ ਸਨ। ਇਹ ਨਕਲੀ ਕਿਊ ਫਾਰਮ ਗੈਰਕਾਨੂੰਨੀ ਢੁਆਈ ਨੂੰ ਕਾਗਜ਼ਾਂ 'ਤੇ ਕਾਨੂੰਨੀ ਦਰਸਾਉਣ ਲਈ ਵਰਤੇ ਜਾ ਰਹੇ ਸਨ ਜਿਸ ਨਾਲ ਵਾਹਨਾਂ ਦੀ ਆਵਾਜਾਈ ਆਸਾਨ ਹੋ ਜਾਂਦੀ ਸੀ ਅਤੇ ਪੰਜਾਬ ਸਰਕਾਰ ਨੂੰ ਵੱਡਾ ਨੁਕਸਾਨ ਹੋ ਰਿਹਾ ਸੀ। ਮੁਲਜ਼ਮਾਂ ਵੱਲੋਂ ਲਗਭਗ 500 ਨਕਲੀ ਫਾਰਮ ਤਿਆਰ ਕੀਤੇ ਗਏ ਨੇ ।

ਇਸ ਰੈਕੇਟ ਨਾਲ ਜੁੜੇ ਪੂਰੇ ਨੈੱਟਵਰਕ ਅਤੇ ਵਿੱਤੀ ਲੈਣ-ਦੇਣ ਦੀ ਜਾਂਚ ਕੀਤੀ ਜਾ ਰਹੀ ਏ ।

---------------------------------------------------

ਜ਼ਿਲ੍ਹੇ ਦੇ ਅਰਨੀਵਾਲਾ ਦੇ ਡੱਬਵਾਲਾ ਕਲਾਂ ਵਿੱਚ ਇੱਕ ਨਸ਼ਾ ਛੁਡਾਊ ਕੇਂਦਰ ਵਿੱਚ ਚੋਰੀ ਹੋਣ ਤੇ ਪੁਲਿਸ ਨੇ ਮਾਮਲਾ ਦਰਜ ਕੀਤਾ ਏ । ਫਾਜ਼ਿਲਕਾ ਦੇ ਸਿਵਲ ਸਰਜਨ ਡਾ. ਕਵਿਤਾ ਸਿੰਘ ਨੇ ਦੱਸਿਆ ਕਿ ਚੋਰ ਦੇਰ ਰਾਤ ਅਰਨੀਵਾਲਾ ਬਲਾਕ ਦੇ ਡੱਬਵਾਲਾ ਨਸ਼ਾ ਛੁਡਾਊ ਕੇਂਦਰ ਵਿੱਚ

ਦਾਖਲ ਹੋਏ ਅਤੇ ਲਗਭਗ 6 ਹਜ਼ਾਰ 825 ਨਸ਼ਾ ਛੁਡਾਊ ਗੋਲੀਆਂ ਅਤੇ ਇੱਕ ਕੰਪਿਊਟਰ ਚੋਰੀ ਕਰ ਲਿਆ। ਘਟਨਾ ਦੀ ਸੂਚਨਾ ਮਿਲਣ 'ਤੇ, ਅਰਨੀਵਾਲਾ ਪੁਲਿਸ ਸਟੇਸ਼ਨ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਏ ਅਤੇ ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਏ। ਇਸ ਦੌਰਾਨ, ਸਿਵਲ ਸਰਜਨ ਨੇ ਐਸ.ਐਸ.ਪੀ ਨੂੰ ਇੱਕ ਲਿਖਤੀ ਪੱਤਰ ਭੇਜ ਕੇ ਨਸ਼ਾ ਛੁਡਾਊ ਕੇਂਦਰ ਲਈ ਪੁਲਿਸ ਸੁਰੱਖਿਆ ਦੀ ਬੇਨਤੀ ਕੀਤੀ ਏ। ਉਨ੍ਹਾਂ ਕਿਹਾ BYTE:

---------------------------------------------------------

ਚੰਡੀਗੜ੍ਹ ਦੇ ਧਨਾਸ ਵਿੱਚ  ਛੋਟੇ ਫਲੈਟ ਖੇਤਰ ਤੋਂ ਅਣ-ਅਧਿਕਾਰਤ ਕਬਜ਼ਾ ਕਰਨ ਵਾਲਿਆਂ  ਨੂੰ ਬੇਦਖਲ ਕਰਨ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ। ਇਹ ਕਾਰਵਾਈ ਉਨ੍ਹਾਂ ਛੋਟੇ ਫਲੈਟਾਂ ਖਿਲਾਫ ਕੀਤੀ ਗਈ ਜਿਨ੍ਹਾਂ ਨੂੰ ਬਕਾਇਆ ਰਕਮ ਦੀ ਅਦਾਇਗੀ ਨਾ ਕਰਨ ਕਾਰਨ ਜ਼ਬਤ ਕਰ ਲਿਆ ਗਿਆ ਸੀ। ਇਸ ਮੁਹਿੰਮ ਦੌਰਾਨ ਕੁੱਲ 10 ਘਰਾਂ ਨੂੰ ਚੰਡੀਗੜ੍ਹ ਹਾਊਸਿੰਗ ਬੋਰਡ ਨੇ ਖਾਲੀ ਕਰਵਾਇਆ  ਏ। ਇਸ ਤੋਂ ਇਲਾਵਾ, ਨਿਯਮਾਂ ਮੁਤਾਬਿਕ ਸਬੰਧਤ ਮਾਮਲਿਆਂ ਵਿੱਚ ਬਕਾਇਆ ਰਕਮ ਜ਼ਮੀਨੀ ਮਾਲੀਏ ਦੇ ਬਕਾਏ ਵਜੋਂ ਵਸੂਲ ਕੀਤੀ ਜਾਵੇਗੀ। ਸਾਰੇ ਲਾਇਸੈਂਸਧਾਰਕਾਂ ਨੂੰ ਸਲਾਹ ਦਿੱਤੀ ਗਈ ਏ ਕਿ ਉਹ ਆਪਣੇ ਸਬੰਧਤ

ਰਿਹਾਇਸ਼ੀ ਇਕਾਈਆਂ ਛੋਟੇ ਫਲੈਟਾਂ ਤੋਂ ਰੱਦ ਕਰਨ ਅਤੇ ਬੇਦਖਲੀ ਦੀ ਕਾਰਵਾਈ ਤੋਂ ਬਚਣ ਲਈ ਤੁਰੰਤ ਆਪਣੇ ਬਕਾਏ ਜਮ੍ਹਾ ਕਰਵਾਉਣ।

---------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿੱਚ 22 ਅਤੇ 24 ਜਨਵਰੀ ਨੂੰ ਕੁਝ ਥਾਵਾਂ 'ਤੇ ਗਰਜ ਨਾਲ ਹਲਕੀ ਬਾਰਿਸ਼ ਅਤੇ 23 ਜਨਵਰੀ ਨੂੰ ਕਈ ਥਾਵਾਂ 'ਤੇ ਹਲਕੇ ਤੋਂ ਦਰਮਿਆਨੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ । 19 ਜਨਵਰੀ ਨੂੰ ਸੂਬੇ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਅਤੇ 20 ਅਤੇ 21 ਜਨਵਰੀ ਨੂੰ ਵੱਖ-ਵੱਖ ਥਾਵਾਂ 'ਤੇ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਜਤਾਈ ਗਈ ਏ ।

---------------------------------------------------------------

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਵਿਕਸਿਤ ਭਾਰਤ ਜੀ ਰਾਮ ਜੀ ਐਕਟ, ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ, ਔਰਤਾਂ, ਦਿਵੀਆਂਗਾ ਅਤੇ ਗਰੀਬਾਂ ਨੂੰ ਤਰਜੀਹ ਦਿੰਦਾ ਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਜਨਾਲਾ ਦੇ ਪਿੰਡ ਬਿਕਰਾਊਰ ਵਿਖੇ ਸਰਕਾਰੀ ਡਿਗਰੀ ਕਾਲਜ ਤੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦਾ ਨੀਂਹ ਪੱਥਰ ਰੱਖਿਆ ।

- ਪੰਜਾਬ ਸਰਕਾਰ ਵੱਲੋਂ ਅੱਜ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਬਰਸੀ ਮੌਕੇ ਪਿੰਡ ਠੀਕਰੀਵਾਲਾ ਵਿਖੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ ।

- ਰੂਪਨਗਰ ਪੁਲਿਸ ਨੇ ਫਰਜ਼ੀ ਵੈੱਬਸਾਈਟ ਰਾਹੀਂ ਨਕਲੀ "ਕਿਊ ਫਾਰਮ" ਤਿਆਰ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ।

- ਮੌਸਮ ਵਿਭਾਗ ਨੇ 22 ਅਤੇ 24 ਜਨਵਰੀ ਨੂੰ ਪੰਜਾਬ ਵਿੱਚ ਕੁਝ ਥਾਵਾਂ 'ਤੇ ਗਰਜ ਨਾਲ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**